(ਵੈੱਬ-ਸਾਈਟ ਰਾਹੀਂ)

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਪੰਜਾਬ।

ਮੀਮੋ ਨੰ: 439716

ਮਿਤੀ: 27-12-19

ਵਿਸ਼ਾ:- **ਮਿਸ਼ਨ ਸ਼ਤ-ਪ੍ਰਤੀਸ਼ਤ ਅਤੇ ਸਮਾਰਟ ਸਕੂਲ ਮੁਹਿੰਮ ਬਾਰੇ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਆਉਣ ਵਾਲੇ ਤਿੰਨ ਮਹੀਨਿਆਂ ਭਾਵ ਜਨਵਰੀ, ਫਰਵਰੀ ਅਤੇ ਮਾਰਚ 2020 ਦੌਰਾਨ ਸਕੂਲਾਂ ਨੂੰ, ਮਿਸ਼ਨ ਸ਼ਤ-ਪ੍ਰਤੀਸ਼ਤ ਮੁਹਿੰਮ ਨੂੰ ਸਫਲ ਬਨਾਉਣ ਅਤੇ ਸਮਾਰਟ ਸਕੂਲ ਮੁਹਿੰਮ ਤਹਿਤ ਸਕੂਲਾਂ ਨੂੰ ਸਮਾਰਟ ਬਨਾਉਣ ਤੋਂ ਇਲਾਵਾ, ਕਿਸੇ ਹੋਰ ਤਰ੍ਹਾਂ ਦਾ ਵਾਧੂ ਕਾਰਜ ਨਾ ਦਿੱਤਾ ਜਾਵੇ।

3.0 ਸਕੂਲਾਂ ਪਾਸੋਂ ਕੋਈ ਵੀ ਡਾਕ ਨਾ ਮੰਗਵਾਈ ਜਾਵੇ। ਇਸ ਗੱਲ ਦਾ ਵੀ ਉਚੇਚੇ ਤੌਰ ਤੇ ਧਿਆਨ ਰੱਖਿਆ ਜਾਵੇ ਕਿ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਕੋਈ ਵੀ ਗੈਰ-ਵਿੱਦਿਅਕ ਕੰਮ ਕਰਨ ਲਈ ਨਾ ਕਿਹਾ ਜਾਵੇ।

4.0 ਉਪਰੋਕਤ ਹਦਾਇਤਾਂ ਨੂੰ ਲਾਗੂ ਕਰਨ ਦੀ ਜਿੰਮੇਵਾਰੀ ਸਮੂਹ ਜਿਲ੍ਹਾ ਸਿੱਖਿਆ ਅਫ਼ਸਰਾਂ, ਉੱਪ ਜਿਲ੍ਹਾ ਸਿੱਖਿਆ ਅਫ਼ਸਰਾਂ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਅਤੇ ਇਨ੍ਹਾਂ ਦਫ਼ਤਰਾਂ ਦੇ ਸੁਪਰਡੈਂਟਾਂ ਦੀ ਹੋਵੇਗੀ।

5.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: ਉਕਤ

ਮਿਤੀ: 27-12-19

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਜੇਕਰ ਉਨ੍ਹਾਂ ਨੂੰ ਕੋਈ ਡਾਕ ਭੇਜਣ ਜਾਂ ਕੋਈ ਹੋਰ ਗੈਰ-ਵਿੱਦਿਅਕ ਕੰਮ ਕਰਨ ਲਈ ਦਿੱਤਾ ਜਾਂਦਾ ਹੈ ਤਾਂ ਸਕੂਲ ਮੁਖੀ ਵੱਲੋਂ ਇਹ ਮਾਮਲਾ ਬਿਨਾਂ ਦੇਰੀ ਕੀਤੇ ਆਪਣੇ ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰ ਅਤੇ ਨੋਡਲ ਅਫ਼ਸਰ ਦੇ ਧਿਆਨ ਵਿੱਚ ਲਿਆਂਦਾ ਜਾਵੇ। ਇਸ ਤੋਂ ਇਲਾਵਾ ਸਕੂਲ ਮੁਖੀ ਇਸ ਸਬੰਧੀ ਜਾਣਕਾਰੀ ਆਪਣੇ ਵੱਟਸਐਪ ਗਰੁੱਪ ਵਿੱਚ ਵੀ ਸਾਂਝੀ ਕਰਨਗੇ ਕਿਉਂਕਿ ਆਉਣ ਵਾਲੇ ਤਿੰਨ ਮਹੀਨਿਆਂ ਵਿੱਚ ਸਾਡਾ ਮੁੱਖ ਨਿਸ਼ਾਨਾ ਮਿਸ਼ਨ ਸ਼ਤ-ਪ੍ਰਤੀਸ਼ਤ ਅਤੇ ਸਮਾਰਟ ਸਕੂਲ ਮੁਹਿੰਮ ਨੂੰ ਸਫ਼ਲ ਬਨਾਉਣ ਦਾ ਹੈ।

ਸਕੱਤਰ ਸਕੂਲ ਸਿੱਖਿਆ